ਫ਼ਾਜ਼ਿਲਕਾ ਅਜੀਤ ਬਠਿੰਡਾ ਅਜੀਤ 7
ਸ਼ੁੱਕਰਵਾਰ, 28 ਨਵੰਬਰ 2025

ਭਾਰਤ ਵਿਕਾਸ ਪ੍ਰੀਸ਼ਦ ਜਲਾਲਾਬਾਦ ਦੇ ਅਹੁਦੇਦਾਰ ਅਤੇ ਮੈਂਬਰ ਅਤੇ ਮਹਿਮਾਨ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਅਤੇ ਕੱਪੜੇ ਵੰਡਦੇ ਹੋਏ। ਤਸਵੀਰ-ਹਰਪ੍ਰੀਤ ਸਿੰਘ ਪਰੂਥੀ

ਭਾਰਤ ਵਿਕਾਸ ਪ੍ਰੀਸ਼ਦ ਜਲਾਲਾਬਾਦ ਵਲੋਂ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਅਤੇ ਕੱਪੜੇ ਵੰਡੇ

ਜਲਾਲਾਬਾਦ, 27 ਨਵੰਬਰ (ਹਰਪ੍ਰੀਤ ਸਿੰਘ ਪਰੂਥੀ)-ਭਾਰਤ ਵਿਕਾਸ ਪ੍ਰੀਸ਼ਦ ਜਲਾਲਾਬਾਦ ਵੱਲੋਂ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਬੀਤੇ ਦਿਨੀਂ ਕਵੀ ਦਰਬਾਰ ਕਰਵਾਇਆ ਗਿਆ। ਸ਼੍ਰੀ ਜਪੁਜੀ ਸਾਹਿਬ, ਸ਼੍ਰੀ ਚੌਪਈ ਸਾਹਿਬ, ਅਤੇ ਅਨੰਦ ਸਾਹਿਬ ਦੇ ਪਾਠ ਅਤੇ ਅਰਦਾਸ ਕਰਨ ਉਪਰੰਤ ਬਰਾਂਚ ਪ੍ਰਧਾਨ ਮਦਨ ਡੂਮਰਾ ਨੇ ਸਾਰਿਆਂ ਨੂੰ ਜੀ ਆਇਆਂ ਕਿਹਾ ਅਤੇ ਸ਼੍ਰੀ ਗੁਰੂ ਤੇਗ਼ ਬਹਾਦਰ ਜੀ ਨੂੰ ਸ਼ਰਧਾਂਜਲੀ ਭੇਟ ਕੀਤੀ। ਕਵੀ ਦਰਬਾਰ ਦੀ ਸਟੇਜ ਦਾ ਸੰਚਾਲਨ ਪ੍ਰਵੇਸ਼ ਖੰਨਾ ਨੇ ਕੀਤਾ। ਕਵੀ ਦਰਬਾਰ ਵਿਚ ਮੀਨਾ ਮਹਿਰੋਕ, ਹਰਸ਼ਦੀਪ ਕੌਰ ਬੋਪਾਰਾਏ, ਸਤਨਾਮ ਸਿੰਘ ਮਹਿਰਮ, ਸੰਤੋਖ ਸਿੰਘ ਬਰਾੜ, ਜਸਕਰਨਜੀਤ ਸਿੰਘ, ਸਾਹਿੱਤ ਸਭਾ ਜਲਾਲਾਬਾਦ ਤੋਂ ਦੀਪਕ ਨਾਰੰਗ ਅਤੇ ਮਾਰਵਲਸ ਕਾਨਵੈਂਟ ਸਕੂਲ ਦੇ ਪ੍ਰਿੰਸੀਪਲ ਦਵਿੰਦਰ ਗਿਰਧਰ ਨੇ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ। ਸਾਹਿਬ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਜੀਵਨ ਅਤੇ ਕੁਰਬਾਨੀ 'ਤੇ ਆਧਾਰਿਤ ਰਚਨਾਵਾਂ ਦਰਸ਼ਕਾਂ ਦੇ ਸਨਮੁੱਖ ਪੇਸ਼ ਕੀਤੀਆਂ। ਉਦਯੋਗਪਤੀ ਅਸ਼ੀਸ਼ ਕੁਮਾਰ ਅਤੇ ਪੈਨੇਸੀਆ ਪਬਲਿਕ ਸਕੂਲ ਦੇ ਚੇਅਰਮੈਨ ਜਤਿੰਦਰ ਪਾਲ ਸਿੰਘ ਇਸ ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਨੇ ਭਾਰਤ ਵਿਕਾਸ ਪ੍ਰੀਸ਼ਦ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਪ੍ਰੀਸ਼ਦ ਨੂੰ ਉਨ੍ਹਾਂ ਦੇ ਨਿਰੰਤਰ ਸਮਰਥਨ ਦਾ ਭਰੋਸਾ ਦਿੱਤਾ। ਅੰਤ ਵਿਚ ਪੰਜਾਬ ਦੱਖਣੀ ਦੇ ਉਪ ਪ੍ਰਧਾਨ ਦਵਿੰਦਰ ਕੁੱਕੜ ਨੇ ਸਾਰੇ ਪਤਵੰਤਿਆਂ ਦਾ ਧੰਨਵਾਦ ਕੀਤਾ। ਪ੍ਰੀਸ਼ਦ ਨੇ ਮੁੱਖ ਪਤਵੰਤਿਆਂ ਅਤੇ ਕਵੀਆਂ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤੇ ਗਏ। ਇਸ ਦੇ ਬਾਅਦ 14 ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ ਅਤੇ ਕਈ ਹੋਰਾਂ ਨੂੰ ਸਰਦੀਆਂ ਦੇ ਕੱਪੜੇ, ਬੂਟ ਅਤੇ ਚਾਦਰਾਂ ਵੰਡੀਆਂ ਗਈਆਂ। ਇਸ ਪ੍ਰੋਗਰਾਮ ਲਈ ਪ੍ਰੀਸ਼ਦ ਦਾ ਸਹਿਯੋਗ ਪ੍ਰਧਾਨ ਮਦਨ ਡੂਮਰਾ, ਸਕੱਤਰ ਗੁਰਮੀਤ ਮਦਾਨ, ਖ਼ਜ਼ਾਨਚੀ ਰਮੇਸ਼ ਸਿਡਾਨਾ, ਪੰਜਾਬ ਦੱਖਣੀ ਦੇ ਉਪ ਪ੍ਰਧਾਨ ਦਵਿੰਦਰ ਕੁੱਕੜ, ਪੰਜਾਬ ਦੱਖਣੀ ਦੇ ਕਨਵੀਨਰ ਪ੍ਰਵੇਸ਼ ਖੰਨਾ, ਸਰਪ੍ਰਸਤ ਵਿਜੇ ਖੰਨਾ, ਸਾਬਕਾ ਪ੍ਰਧਾਨ ਤਰਸੇਮ ਵਿਖੌਣਾ, ਵਿਨੋਦ ਕੁੱਕੜ, ਬੰਟੀ ਅਹੂਜਾ, ਸਾਜਨ ਚੁੱਘ ਅਤੇ ਰਾਜਨ ਡੂਮਰਾ ਸਨ।

ਡਾ.ਵੀ ਕੁਰੀਅਨ ਦੇ ਜਨਮ ਦਿਨ 'ਤੇ ਡੇਅਰੀ ਵਿਕਾਸ ਵਿਭਾਗ ਵਲੋਂ ਦੁੱਧ ਖਪਤਕਾਰ ਜਾਗਰੂਕਤਾ ਕੈਂਪ ਲਗਾਇਆ

ਫ਼ਾਜ਼ਿਲਕਾ, 27 ਨਵੰਬਰ (ਦਵਿੰਦਰ ਪਾਲ ਸਿੰਘ)-ਸਫ਼ੇਦ ਕ੍ਰਾਂਤੀ ਦੇ ਪਿਤਾਮਾ ਡਾ. ਵੀ. ਕੁਰੀਅਨ ਦੇ ਜਨਮ ਦਿਨ ਨੂੰ ਯਾਦ ਕਰਦੇ ਹੋਏ ਰਾਸ਼ਟਰੀ ਦੁੱਧ ਦਿਵਸ ਦੇ ਮੌਕੇ ਡੇਅਰੀ ਵਿਕਾਸ ਵਿਭਾਗ ਪੰਜਾਬ ਦੇ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਫ਼ਾਜ਼ਿਲਕਾ ਵਲੋਂ ਦੁੱਧ ਖਪਤਕਾਰ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਸਬੰਧੀ ਜਾਣਕਾਰੀ ਦਿੰਦੇ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਫ਼ਾਜ਼ਿਲਕਾ ਰਣਦੀਪ ਕੁਮਾਰ ਹਾਂਡਾ ਨੇ ਦੱਸਿਆ ਕਿ ਡਾ. ਵੀ. ਕੁਰੀਅਨ ਇਕ ਮਹਾਨ ਸ਼ਖ਼ਸੀਅਤ ਸਨ ਜਿਨ੍ਹਾਂ ਨੇ ਦੇਸ਼ ਵਿਚ ਦੁੱਧ ਦੀ ਪੈਦਾਵਾਰ ਵਧਾਉਣ ਵਿਚ ਬਹੁਤ ਵੱਡੀ ਭੂਮਿਕਾ ਨਿਭਾਈ ਅਤੇ ਦੇਸ਼ ਨੂੰ ਦੁੱਧ ਦੇ ਉਤਪਾਦਨ ਲਈ ਆਤਮ ਨਿਰਭਰ ਬਣਾਇਆ। ਉਨ੍ਹਾਂ ਨੂੰ ਰਾਸ਼ਟਰੀ ਡੇਅਰੀ ਵਿਕਾਸ ਬੋਰਡ ਦੇ ਨਿਰਮਾਤਾ ਵਜੋਂ ਵੀ ਜਾਣਿਆ ਜਾਂਦਾ ਹੈ। ਵਾਰਡ ਨੰ. 11, ਜੱਟੀਆਂ ਮਹੱਲਾ, ਫ਼ਾਜ਼ਿਲਕਾ ਵਿਚ ਲਗਾਏ ਗਏ ਦੁੱਧ ਖਪਤਕਾਰ ਕੈਂਪ ਵਿਚ ਰਮਨਦੀਪ ਕੁਮਾਰ, ਡੇਅਰੀ ਵਿਕਾਸ ਇੰਸਪੈਕਟਰ ਵਲੋਂ ਵੱਖ-ਵੱਖ ਦੁੱਧ ਖਪਤਕਾਰਾਂ ਵਲੋਂ ਲਿਆਂਦੇ ਘਰਾਂ ਵਿਚ ਵਰਤੇ ਜਾਣ ਵਾਲੇ ਦੁੱਧ ਦੇ ਕਈ ਨਮੂਨੇ ਟੈੱਸਟ ਕੀਤੇ ਗਏ ਅਤੇ ਮੌਕੇ ਤੇ ਨਤੀਜੇ ਉਨ੍ਹਾਂ ਖਪਤਕਾਰਾਂ ਨੂੰ ਦੱਸੇ ਗਏ। ਇਸ ਕੈਂਪ ਵਿਚ ਖਪਤਕਾਰਾਂ ਨੂੰ ਸਾਫ਼ ਦੁੱਧ ਦੀ ਪਰਖ ਕਰਨ ਦੇ ਤਰੀਕੇ ਅਤੇ ਸਮੇਂ-ਸਮੇਂ 'ਤੇ ਦੁੱਧ ਦੀ ਪਰਖ ਕਰਵਾਉਂਦੇ ਰਹਿਣ ਸਬੰਧੀ ਪ੍ਰੇਰਿਤ ਕੀਤਾ ਗਿਆ। ਕੈਂਪ ਦੌਰਾਨ ਕੁੱਲ 24 ਸੈਂਪਲ ਟੈੱਸਟ ਕੀਤੇ ਗਏ ਜਿਸ ਵਿਚ 7 ਸੈਂਪਲਾਂ ਵਿਚ ਵਾਧੂ ਪਾਣੀ ਦੀ ਮਾਤਰਾ ਪਾਈ ਗਈ ਅਤੇ ਕੋਈ ਹਾਨੀਕਾਰਕ ਤੱਤ ਨਹੀਂ ਪਾਇਆ ਗਿਆ। ਇਸ ਮੌਕੇ ਮੁਹੱਲੇ ਦੇ ਪ੍ਰਧਾਨ ਬਬਲੀ ਰੇਵਾੜੀਆ ਵਲੋਂ ਵੀ ਕੈਂਪ ਵਿਚ ਵਿਸ਼ੇਸ਼ ਸ਼ਮੂਲੀਅਤ ਦਿੱਤੀ ਗਈ।

ਖਪਤਕਾਰਾਂ ਨੂੰ ਸਾਫ਼ ਦੁੱਧ ਦੀ ਪਰਖ ਕਰਨ ਦੇ ਤਰੀਕੇ ਅਤੇ ਸਮੇਂ ਸਮੇਂ ਦੁੱਧ ਦੀ ਪਰਖ ਕਰਵਾਉਂਦੇ ਰਹਿਣ ਸਬੰਧੀ ਕੀਤਾ ਪ੍ਰੇਰਿਤ

ਫ਼ਾਜ਼ਿਲਕਾ ਵਿਚ ਲਗਾਏ ਗਏ ਦੁੱਧ ਖਪਤਕਾਰ ਕੈਂਪ 'ਚ ਜਾਣਕਾਰੀ ਦਿੰਦੇ ਹੋਏ ਅਧਿਕਾਰੀ। ਅਜੀਤ ਤਸਵੀਰ

ਮਰੀਜ਼ਾਂ ਦਾ ਚੈੱਕਅਪ ਕਰਦੇ ਡਾ. ਜੋਤੀ ਛਾਬੜਾ ਤੇ ਹਾਜ਼ਰ ਪਤਵੰਤੇ। ਤਸਵੀਰ-ਜਤਿੰਦਰ ਪਾਲ ਸਿੰਘ

ਭਾਈ ਘਨੱਈਆ ਵੈੱਲਫੇਅਰ ਸੁਸਾਇਟੀ ਵਲ਼ੋਂ ਲਗਾਇਆ ਮੁਫ਼ਤ ਮੈਡੀਕਲ ਕੈਂਪ

ਜਲਾਲਾਬਾਦ, 27 ਨਵੰਬਰ (ਜਤਿੰਦਰ ਪਾਲ ਸਿੰਘ)-ਸਥਾਨਕ ਸ਼ਹੀਦ ਊਧਮ ਸਿੰਘ ਚੌਕ ਦੇ ਨੇੜੇ ਸਥਿਤ ਗੁਰਦੁਆਰਾ ਰਾਮਗੜ੍ਹੀਆ ਸਾਹਿਬ ਵਿਖੇ ਹਰ ਬੁੱਧਵਾਰ ਦੀ ਤਰਾਂ ਹਫ਼ਤਾਵਾਰੀ ਮੁਫ਼ਤ ਆਯੁਰਵੈਦਿਕ ਮੈਡੀਕਲ ਚੈੱਕਅਪ ਕੈਂਪ, ਭਾਈ ਘਨੱਈਆ ਵੈੱਲਫੇਅਰ ਸੁਸਾਇਟੀ ਵਲ਼ੋਂ ਲਗਾਇਆ ਗਿਆ। ਇਨ੍ਹਾਂ ਕੈਂਪਾਂ ਵਿਚ ਹੁਣ ਤੱਕ ਹਜ਼ਾਰਾਂ ਲੋੜਵੰਦ ਪਰਿਵਾਰ ਲਾਭ ਲੈ ਚੁੱਕੇ ਹਨ। ਕੈਂਪ ਵਿਚ ਡਾ. ਜੋਤੀ ਛਾਬੜਾ ਨੇ ਆਪਣੀਆਂ ਸੇਵਾਵਾਂ ਦਿੱਤੀਆਂ ਅਤੇ 60 ਮਰੀਜ਼ਾਂ ਦਾ ਚੈੱਕਅਪ ਕਰਕੇ, ਉਨ੍ਹਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ। ਡਾ. ਜੋਤੀ ਛਾਬੜਾ ਨੇ ਕਿਹਾ ਕਿ ਆਯੁਰਵੈਦਿਕ ਇਲਾਜ ਨਾਲ ਬਿਮਾਰੀ ਜੜ੍ਹ ਤੋਂ ਖ਼ਤਮ ਹੋ ਜਾਂਦੀ ਹੈ ਅਤੇ ਇਸ ਦਾ ਕੋਈ ਸਾਈਡ ਇਫੈਕਟ ਵੀ ਨਹੀਂ ਹੁੰਦਾ। ਇਸ ਵਿਚ ਗੰਭੀਰ ਤੋਂ ਗੰਭੀਰ ਬਿਮਾਰੀ ਦਾ ਇਲਾਜ ਸੰਭਵ ਹੈ ਅਤੇ ਲੋੜਵੰਦ ਇਸ ਦਾ ਵੱਧ ਤੋਂ ਵੱਧ ਲਾਭ ਲੈ ਸਕਦੇ ਹਨ। ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਗੁਰਮੁਖ ਸਿੰਘ ਸੱਗੂ, ਸਕੱਤਰ ਭਗਵਾਨ ਸਿੰਘ ਸੱਗੂ, ਖ਼ਜ਼ਾਨਚੀ ਗੁਰਮੀਤ ਸਿੰਘ ਵਿਰਦੀ, ਤੋਂ ਇਲਾਵਾ ਹੋਰ ਵੀ ਅਹੁਦੇਦਾਰ ਮੌਜੂਦ ਸਨ।

ਮਾਤਰ ਛਾਇਆ ਅਨਾਥ ਆਸ਼ਰਮ ਦੇ ਬੱਚਿਆਂ ਨੂੰ ਚੰਡੀਗੜ੍ਹ ਦੇ ਵਿੱਦਿਅਕ ਦੌਰੇ 'ਤੇ ਲਿਜਾਇਆ ਗਿਆ

ਅਬੋਹਰ, 27 ਨਵੰਬਰ (ਵਿਵੇਕ ਹੂੜੀਆ)-ਮਾਤਰ ਛਾਇਆ ਅਨਾਥ ਆਸ਼ਰਮ ਦੇ ਬੱਚਿਆਂ ਨੂੰ ਕੱਲ੍ਹ ਚੰਡੀਗੜ੍ਹ ਦੇ ਵਿੱਦਿਅਕ ਦੌਰੇ 'ਤੇ ਲਿਜਾਇਆ ਗਿਆ। ਇਸ ਮੌਕੇ ਬੱਚਿਆਂ ਨੇ ਪੰਜਾਬ ਯੂਨੀਵਰਸਿਟੀ ਦਾ ਦੌਰਾ ਕੀਤਾ ਅਤੇ ਇਸ ਦੇ ਕੰਮਕਾਜ ਬਾਰੇ ਜਾਣਿਆ। ਦੌਰੇ ਦੌਰਾਨ ਬੱਚਿਆਂ ਨਾਲ ਮਨਮੋਹਨ ਗੋਇਲ, ਸੰਜੀਵ ਗੋਇਲ ਅਤੇ ਪ੍ਰੋ. ਗੁਰਰਾਜ ਸਿੰਘ ਚਾਹਲ ਵੀ ਮੌਜੂਦ ਸਨ। ਪੰਜਾਬ ਵਿੱਤ ਵਿਭਾਗ ਦੇ ਮੌਜੂਦਾ ਕਮਿਸ਼ਨਰ ਅਤੇ ਇਕ ਸੀਨੀਅਰ ਆਈ.ਏ.ਐੱਸ ਅਧਿਕਾਰੀ ਅਜੈ ਅਰੋੜਾ ਵੀ ਇਸ ਦੌਰੇ ਦੌਰਾਨ ਮੌਜੂਦ ਸਨ। ਉਨ੍ਹਾਂ ਦਾ ਦੌਰਾ ਜਸਟਿਸ ਸੰਜੇ ਸਚਦੇਵਾ ਅਤੇ ਡਿਪਟੀ ਐਡਵੋਕੇਟ ਜਨਰਲ ਸ਼੍ਰੀਮਤੀ ਕਨਿਕਾ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ ਸੀ। ਬੱਚਿਆਂ ਨਾਲ ਆਪਣੇ ਜੀਵਨ ਦੇ ਤਜਰਬੇ ਸਾਂਝੇ ਕਰਦੇ ਹੋਏ ਸ਼੍ਰੀ ਅਰੋੜਾ ਨੇ ਉਨ੍ਹਾਂ ਨੂੰ ਸਖ਼ਤ ਮਿਹਨਤ ਕਰਨ ਅਤੇ ਆਪਣੇ ਟੀਚਿਆਂ ਪ੍ਰਤੀ ਦ੍ਰਿੜ੍ਹ ਰਹਿਣ ਦੀ ਅਪੀਲ ਕੀਤੀ, ਕਿਉਂਕਿ ਸਖ਼ਤ ਮਿਹਨਤ ਤੋਂ ਬਿਨਾਂ ਕੁੱਝ ਵੀ ਪ੍ਰਾਪਤ ਕਰਨਾ ਮੁਸ਼ਕਲ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਜੀਵਨ ਵਿਚ ਬਹੁਤ ਜ਼ਰੂਰੀ ਹੈ, ਕਿਉਂਕਿ ਇੱਕ ਵਿਅਕਤੀ ਇਸ ਤੋਂ ਬਿਨਾਂ ਅਧੂਰਾ ਹੈ। ਬੱਚਿਆਂ ਨੂੰ ਆਪਣੇ ਆਪ ਨੂੰ ਸਿੱਖਿਅਤ ਕਰਨਾ ਚਾਹੀਦਾ ਹੈ ਅਤੇ ਆਪਣੇ ਮਾਪਿਆਂ ਅਤੇ ਖੇਤਰ ਦਾ ਨਾਮ ਰੌਸ਼ਨ ਕਰਨਾ ਚਾਹੀਦਾ ਹੈ। ਇਸ ਮੌਕੇ ਬੋਲਦਿਆਂ ਮਨਮੋਹਨ ਗੋਇਲ ਨੇ ਕਿਹਾ ਕਿ ਅਜੇ ਅਰੋੜਾ ਪੰਜਾਬ ਦੇ ਸੀਨੀਅਰ ਆਈ.ਏ.ਐਸ ਅਧਿਕਾਰੀਆਂ ਵਿਚੋਂ ਇੱਕ ਹਨ ਅਤੇ ਇਸ ਵੇਲੇ ਵਿੱਤ ਵਿਭਾਗ ਵਿਚ ਵਿਸ਼ੇਸ਼ ਤੌਰ 'ਤੇ ਸੇਵਾ ਨਿਭਾ ਰਹੇ ਹਨ। ਡਾ. ਕੇਸ਼ਵ ਮਲਹੋਤਰਾ, ਪੀ.ਯੂ ਸਿੰਡੀਕੇਟ, ਸੰਦੀਪ ਖੁੰਗਰ, ਐਡਵੋਕੇਟ, ਹਾਈ ਕੋਰਟ, ਵਰਿੰਦਰ ਸ਼ਾਹੀ, ਰਜਿਸਟਰਾਰ, ਮਨੁੱਖੀ ਅਧਿਕਾਰ, ਮਨੋਜ ਸ਼ਰਮਾ, ਸਰਿਤਾ ਸ਼ਰਮਾ, ਸ਼੍ਰੀਮਤੀ ਗੁਲਸ਼ਨ ਭੰਡਾਰੀ, ਡਾ. ਰਾਜਿੰਦਰ ਗਿਰਧਰ, ਅਤੇ ਹੋਰ ਪਤਵੰਤੇ ਹਾਜ਼ਰ ਸਨ। ਅੰਤ ਵਿਚ, ਮਨਮੋਹਨ ਗੋਇਲ, ਸੰਜੀਵ ਗੋਇਲ, ਅਤੇ ਪ੍ਰੋ. ਗੁਰਰਾਜ ਸਿੰਘ ਚਾਹਲ ਨੇ ਸਮੂਹ ਦੀ ਹਾਜ਼ਰੀ ਲਈ ਧੰਨਵਾਦ ਪ੍ਰਗਟ ਕੀਤਾ। ਪੀ.ਯੂ ਦੇ ਦੌਰੇ ਤੋਂ ਬਾਅਦ ਬੱਚਿਆਂ ਨੂੰ ਗੁਰਦੁਆਰਾ ਸ਼੍ਰੀ ਅੰਬ ਸਾਹਿਬ ਅਤੇ ਰੌਕ ਗਾਰਡਨ ਲਿਜਾਇਆ ਗਿਆ।

ਮਾਤਰ ਛਾਇਆ ਅਨਾਥ ਆਸ਼ਰਮ ਦੇ ਬੱਚੇ ਵਿੱਦਿਅਕ ਦੌਰੇ ਦੌਰਾਨ। ਅਜੀਤ ਤਸਵੀਰ

ਫ਼ਾਜ਼ਿਲਕਾ ਦੇ ਐਮ.ਆਰ.ਸਰਕਾਰੀ ਕਾਲਜ 'ਚ ਮਨਾਏ ਗਏ ਸੰਵਿਧਾਨ ਦਿਵਸ ਸਮਾਗਮ 'ਚ ਪੁੱਜੇ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਅਤੇ ਨਾਲ ਖੜ੍ਹਾ ਕਾਲਜ ਸਟਾਫ਼। ਤਸਵੀਰ -ਅਮਰਜੀਤ ਸ਼ਰਮਾ

ਐੱਮ.ਆਰ ਸਰਕਾਰੀ ਕਾਲਜ 'ਚ ਮਨਾਇਆ ਸੰਵਿਧਾਨ ਦਿਵਸ

ਫ਼ਾਜ਼ਿਲਕਾ, 27 ਨਵੰਬਰ (ਅਮਰਜੀਤ ਸ਼ਰਮਾ)-ਸਥਾਨਕ ਐੱਮ.ਆਰ ਸਰਕਾਰੀ ਕਾਲਜ ਵਿਖੇ ਰਾਜਨੀਤੀ ਵਿਗਿਆਨ ਵਿਭਾਗ ਵਲੋਂ ਸੰਵਿਧਾਨ ਦਿਵਸ ਮਨਾਇਆ ਗਿਆ ਜਿਸ ਵਿਚ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਸ਼ਹਿਰ ਦੇ ਹੋਰ ਪਤਵੰਤੇ ਸੱਜਣ ਵੀ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਇਸ ਮੌਕੇ ਪ੍ਰੋਗਰਾਮ ਦੀ ਸ਼ੁਰੂਆਤ ਮੁੱਖ ਮਹਿਮਾਨ ਅਤੇ ਕਾਲਜ ਪ੍ਰਿੰਸੀਪਲ ਇੰਚਾਰਜ ਗੁਰਮਿੰਦਰ ਕੌਰ ਨੇ ਡਾ.ਬੀ. ਆਰ. ਅੰਬੇਦਕਰ ਦੀ ਤਸਵੀਰ ਨੂੰ ਫੁਲ ਭੇਟ ਕਰਕੇ ਕੀਤੀ ਗਈ। ਇਸ ਤੋਂ ਬਾਅਦ ਵਿਭਾਗ ਦੇ ਮੁਖੀ ਪ੍ਰੋ.ਰੇਨੂੰ ਬਾਲਾ ਵਲੋਂ ਸੰਵਿਧਾਨ ਦਿਵਸ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਸਟੇਜ ਸਕੱਤਰ ਪ੍ਰੋ.ਗੁਰਪ੍ਰੀਤ ਸਿੰਘ ਧਾਲੀਵਾਲ ਵਲੋਂ ਆਏ ਮੁੱਖ ਮਹਿਮਾਨ ਅਤੇ ਪਤਵੰਤਿਆਂ ਦਾ ਸਵਾਗਤ ਕਰਦਿਆਂ ਸੰਵਿਧਾਨ ਦਿਵਸ ਦੇ ਇਤਿਹਾਸ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਵਿਧਾਇਕ ਸਵਨਾ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਸੰਵਿਧਾਨ ਦੇ ਹੋਣ ਕਰਕੇ ਹੀ ਅਸੀਂ ਸਾਰੇ ਆਪਣੇ ਅਧਿਕਾਰਾਂ ਦਾ ਅਨੰਦ ਮਾਣ ਰਹੇ ਹਾਂ ਜਿਸ ਵਿਚ ਵਿੱਦਿਆ ਪ੍ਰਾਪਤ ਕਰਨ ਦਾ ਅਧਿਕਾਰ ਵੀ ਸ਼ਾਮਿਲ ਹੈ। ਇਸ ਮੌਕੇ ਸੰਵਿਧਾਨ ਬਣਾਉਣ ਵਿਚ ਬਾਬਾ ਸਾਹਿਬ ਅੰਬੇਡਕਰ ਦੇ ਸਹਿਯੋਗ ਦੀ ਵਿਸਥਾਰ ਵਿਚ ਚਰਚਾ ਕੀਤੀ ਗਈ। ਉਨ੍ਹਾਂ ਲੜਕੀਆਂ ਦੁਆਰਾ ਸਿੱਖਿਆ ਪ੍ਰਾਪਤ ਕਰਕੇ ਮਾਰੀਆਂ ਮੱਲ੍ਹਾਂ ਦਾ ਜ਼ਿਕਰ ਵੀ ਕੀਤਾ। ਇਸ ਮੌਕੇ ਕਾਲਜ ਪ੍ਰਿੰਸੀਪਲ ਇੰਚਾਰਜ ਪ੍ਰੋ.ਗੁਰਮਿੰਦਰ ਕੌਰ, ਪ੍ਰੋ.ਰੇਨੂੰ ਬਾਲਾ,ਪ੍ਰੋ.ਗੁਰਪ੍ਰੀਤ ਸਿੰਘ ਧਾਲੀਵਾਲ, ਪ੍ਰੋ.ਐਸ਼ੂ ਸ਼ਰਮਾ, ਪ੍ਰੋ.ਡਾ. ਮਮਤਾ ਗਰੇਵਰ ਅਤੇ ਸੁਪਰਡੈਂਟ ਰਾਜੇਸ਼ ਕਟਾਰੀਆ ਅਤੇ ਵੈਦਿਕ ਗਾਬਾ ਮੌਜੂਦ ਸਨ।

ਡੀ ਏ ਵੀ ਸਕੂਲ ਹਰੀਪੁਰਾ ਵਿਖੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਮਨਾਉਣ ਮੌਕੇ ਵਿਦਿਆਰਥੀ ਤੇ ਸਟਾਫ਼ ਜਾਣਕਾਰੀ ਦਿੰਦੇ ਹੋਏ। ਤਸਵੀਰ-ਸੁਖਜੀਤ ਸਿੰਘ ਬਰਾੜ

ਡੀ.ਏ.ਵੀ ਸਕੂਲ ਹਰੀਪੁਰਾ ਵਿਚ ਸ਼੍ਰੀ ਗੁਰੂ ਤੇਗ਼ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਹਾੜਾ ਸ਼ਰਧਾ ਨਾਲ ਮਨਾਇਆ

ਅਬੋਹਰ, 27 ਨਵੰਬਰ (ਸੁਖਜੀਤ ਸਿੰਘ ਬਰਾੜ/ਵਿਵੇਕ ਹੂੜੀਆ)-ਸ਼੍ਰੀ ਗੁਰੂ ਜੰਭੇਸ਼ਵਰ ਡੀ.ਏ.ਵੀ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਪਿੰਡ ਹਰੀਪੁਰਾ ਨੇ ਸ਼੍ਰੀ ਗੁਰੂ ਤੇਗ਼ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਵਸ ਬਹੁਤ ਹੀ ਸ਼ਰਧਾ, ਸਤਿਕਾਰ ਅਤੇ ਅਧਿਆਤਮਿਕ ਉਤਸ਼ਾਹ ਨਾਲ ਮਨਾਇਆ। ਗੁਰੂ ਸਾਹਿਬ ਦੀਆਂ ਸਿੱਖਿਆਵਾਂ ਅਤੇ ਕੁਰਬਾਨੀ ਦੀਆਂ ਯਾਦਾਂ ਨੇ ਪੂਰੇ ਸਕੂਲ ਕੈਂਪਸ ਨੂੰ ਪਵਿੱਤਰ ਮਾਹੌਲ ਨਾਲ ਭਰ ਦਿੱਤਾ। ਸਦਨ ਇੰਚਾਰਜ ਸ਼੍ਰੀਮਤੀ ਗੁਰਦੀਪ ਕੌਰ ਦੁਆਰਾ ਪ੍ਰੋਗਰਾਮ ਦੀ ਰੂਪਰੇਖਾ ਤਿਆਰ ਕੀਤੀ ਗਈ। ਪ੍ਰੋਗਰਾਮ ਦੀ ਸ਼ੁਰੂਆਤ ਇਕ ਵਿਸ਼ੇਸ਼ ਪ੍ਰਾਰਥਨਾ ਸਭਾ ਨਾਲ ਹੋਈ। ਸੁਪਰਵਾਈਜ਼ਰ ਮੁਖੀ ਸ਼੍ਰੀਮਤੀ ਹਰਦੀਪ ਕੌਰ ਦੁਆਰਾ ਗੁਰੂ ਤੇਗ਼ ਬਹਾਦਰ ਜੀ ਦੀ ਅਦੁੱਤੀ ਸ਼ਹਾਦਤ ਬਾਰੇ ਦੱਸਿਆ ਗਿਆ। ਵਿਦਿਆਰਥੀਆਂ ਨੇ ਆਪਣੀਆਂ ਪੇਸ਼ਕਾਰੀਆਂ ਰਾਹੀਂ ਗੁਰੂ ਸ